ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਮੋਗਾ

- **ਡਿਪਟੀ ਕਮਿਸ਼ਨਰ ਨੇ ਧੁੱਸੀ ਬੰਧ ਅਤੇ ਸੰਭਾਵਿਤ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਨਿਰੀਖਣ**
- **ਆਗਾਮੀ ਬਰਸਾਤਾਂ ਦੇ ਸੀਜ਼ਨ ਤੋਂ ਪਹਿਲਾਂ ਹੋਣ ਵਾਲੇ ਹੜ੍ਹ ਰੋਕੂ ਕਾਰਜਾਂ ਦਾ ਵੀ ਲਿਆ ਜ਼ਾਇਜ਼ਾ**
- **ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਬਰਸਾਤਾਂ ਦੇ ਸੀਜ਼ਨ ਤੋਂ ਪਹਿਲਾਂ ਧੁੱਸੀ ਬੰਧ ਨੂੰ ਮਜ਼ਬੂਤ ਕਰਨ ਦੇ ਦਿੱਤੇ ਆਦੇਸ਼**
- **ਪਿੰਡਾਂ ਦੇ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ ਅਤੇ ਹੱਲ ਕਰਨ ਦਾ ਦਿਵਾਇਆ ਭਰੋਸਾ**

ਮੋਗਾ 30 ਮਾਰਚ:

ਡਿਪਟੀ ਕਮਿਸ਼ਨਰ ਮੋਗਾ ਸ੍ਰੀ ਪ੍ਰਵੀਨ ਕੁਮਾਰ ਥਿੰਦ ਵੱਲੋਂ ਜ਼ਿਅੰਦਰ ਦਰਿਆ ਸਤਲੁੱਜ ਨਾਲ ਲੱਗਦੇ ਧੁੱਸੀ ਬੰਨ੍ਹ ਅਤੇ ਆਗਾਮੀ ਬਰਸਾਤਾਂ ਕਾਰਣ ਸੰਭਾਵਿਤ ਹੜ੍ਹਾਂ ਤੋ ਪ੍ਰਭਾਵਿਤ ਹੋਣ ਵਾਲੇ ਇਲਾਕਿਆਂ ਦਾ ਨਿਰੀਖਣ ਕੀਤਾ ਗਿਆ.

ਡਿਪਟੀ ਕਮਿਸ਼ਨਰ ਨੇ ਦਰਿਆ ਸਤਲੁੱਜ ਦੇ ਧੁੱਸੀ ਬੰਧ ਚੱਕ ਕੰਨੀਆਂ, ਗੱਟੀ ਜੱਟਾ, ਕਾਵਾਂ ਵਾਲਾ ਪੱਤਣ, ਕਮਾਲ ਕੇ, ਰੇੜ੍ਹਵਾਂ, ਸ਼ੇਰਪੁਰ ਤਾਇਬਾਂ, ਸ਼ੇਰੇਵਾਲਾ, ਦੌਲੇਵਾਲਾ, ਮੰਦਰ ਕਲਾਂ, ਮੇਲਕ ਅਤੇ ਸੰਘੇੜਾ ਆਦਿ ਥਾਵਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਬਰਸਾਤਾਂ ਦੇ ਸੀਜ਼ਨ ਤੋਂ ਪਹਿਲਾਂ ਹੋਣ ਵਾਲੇ ਹੜ੍ਹ ਰੋਕੂ ਕਾਰਜਾਂ ਅਤੇ ਦਰਿਆ ਦੇ ਕੰਢਿਆਂ ਨੂੰ ਮਜ਼ਬੂਤ ਕਰਨ ਲਈ ਬਣਾਏ ਗਏ ਸਟੱਡਾਂ/ਸਪੱਰਾਂ ਆਦਿ ਦਾ ਜ਼ਾਇਜਾ ਲਿਆ। ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਬੰਧ ਦੀਆਂ ਨਾਜ਼ੁਕ ਥਾਵਾਂ ‘ਤੇ ਹੜ੍ਹਾਂ ਤੋ ਬਚਾਓ ਲਈ ਕੰਮ ਬਰਸਾਤਾਂ ਦੇ ਸੀਜ਼ਨ ਤੋਂ ਪਹਿਲਾਂ ਮੁਕੰਮਲ ਕਰ ਲਏ ਜਾਣ, ਤਾਂ ਜੋ ਆਉਣ ਵਾਲੇ ਬਰਸਾਤਾਂ ਦੇ ਸੀਜ਼ਨ ਦੌਰਾਨ ਇਲਾਕੇ ਦੇ ਲੋਕਾਂ ਨੂੰ ਕੋਈ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਨ੍ਹਾਂ ਗੱਟੀ ਜੱਟਾਂ, ਕਮਾਲ ਕੇ, ਚੱਕ ਤਾਰੇਵਾਲਾ, ਰੇੜ੍ਹਵਾਂ, ਸ਼ੇਰੇਵਾਲਾ ਅਤੇ ਸੰਘੇੜਾ ਆਦਿ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਸੁਝਾਅ ਲੈਣ ਉਪਰੰਤ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਵੀ ਦਿਵਾਇਆ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਬਰਸਾਤਾਂ ਤੋ ਪਹਿਲਾਂ-ਪਹਿਲਾਂ ਨਹਿਰਾਂ, ਰਜਬਾਹਿਆਂ ਤੇ ਸੇਮ-ਨਾਲਿਆਂ ਦੀ ਸਫ਼ਾਈ ਕਰਵਾ ਲਈ ਜਾਵੇ ਅਤੇ ਧੁੱਸੀ ਬੰਨ੍ਹ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ ਸੰਭਾਵਿਤ ਹੜ੍ਹਾਂ ਦਾ ਟਾਕਰਾ ਕੀਤਾ ਜਾ ਸਕੇ।

ਡਰੇਨੇਜ਼ ਵਿਭਾਗ ਦੇ ਕਾਰਜਕਾਰੀ ਇੰਜਨੀਅਰ ਸ੍ਰੀ ਆਸ਼ੂਤੋਸ਼ ਕੁਮਾਰ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ ‘ਚ ਸਤਲੁਜ ਦਰਿਆ ਨਾਲ ਲੱਗਦਾ ਬੰਧ, ਬੁਰਜੀ 90000 ਤੋਂ ਸ਼ੁਰੂ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਬੰਧ ਦੀ ਮਜ਼ਬੂਤੀ ਲਈ ਹੋਣ ਵਾਲੇ ਮੁਰੰਮਤ ਕੰਮਾਂ ਨੂੰ ਮੁੱਖ ਰੱਖਦਿਆਂ ਫੰਡ ਮੁਹੱਈਆ ਕਰਵਾਉਣ ਲਈ ਸੂਚੀਆਂ ਪੰਜਾਬ ਸਰਕਾਰ ਨੂੰ ਭੇਜੀਆਂ ਜਾ ਚੁੱਕੀਆਂ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਜੇ ਕੁਮਾਰ ਸੂਦ, ਸਹਾਇਕ ਕਮਿਸ਼ਨਰ ਡਾ: ਪਾਲਿਕਾ ਅਰੋੜਾ, ਜਨਰਲ ਮੈਨੇਜਰ ਮਾਈਨਿੰਗ ਕੁਲਦੀਪ ਸਿੰਘ, ਜ਼ਿਲ੍ਹਾ ਟਰਾਂਸਪੋਰਟ ਅਫ਼ਸਰ, ਗੁਰਵਿੰਦਰ ਸਿੰਘ ਜੌਹਲ, ਜ਼ਿਲ੍ਹਾ ਮਾਲ ਅਫ਼ਸਰ-ਕਮ-ਤਹਿਸੀਲਦਾਰ ਮੋਗਾ ਪਵਨ ਕੁਮਾਰ ਗੁਲਾਟੀ, ਤਹਿਸੀਲਦਾਰ ਧਰਮਕੋਟ ਭੁਪਿੰਦਰ ਸਿਘ, ਡਰੇਨੇਜ਼ ਵਿਭਾਗ ਦੇ ਐਸ.ਡੀ.ਓ ਜਗਰੂਪ ਸਿੰਘ, ਜੂਨੀਅਰ ਇੰਜਨੀਅਰ ਗੁਰਸਿਮਰਨ ਸਿੰਘ, ਸਹਾਇਕ ਇੰਜਨੀਅਰ ਰਛਪਾਲ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਕੋਟ ਈਸੇ ਖਾਂ ਸ੍ਰੀ ਜੰਗੀਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

-------

ਨੰ: ਪੀ.ਆਰ(ਪ੍ਰੈ ਰੀ)2017/163








